# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :20-05-2026**

ਭਾਰਤ ਨੇ ਆਤਮਨਿਰਭਰ ਭਾਰਤ ਪਹਿਲਕਦਮੀ ਤਹਿਤ ਆਪਣੀਆਂ ਸਵਦੇਸ਼ੀ ਰੱਖਿਆ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਏ। ਰੱਖਿਆ ਖੋਜ ਅਤੇ ਵਿਕਾਸ ਸੰਗਠਨ (ਡੀ ਆਰ ਡੀ ਓ) ਨੇ, ਮਨੁੱਖ ਰਹਿਤ ਹਵਾਈ ਵਾਹਨ ਰਾਹੀਂ ਲਾਂਚ ਕੀਤੀ ਗਈ ਪ੍ਰੀਸੀਜ਼ਨ ਗਾਈਡਡ ਮਿਜ਼ਾਈਲ (ਯੂ ਐਲ ਪੀ ਜੀ ਐਮ)-ਵੀ-3 ਦੀਆਂ ਅੰਤਿਮ ਵਿਕਾਸ ਪਰਖਾਂ ਨੂੰ ਸਫਲਤਾ ਨਾਲ ਪੂਰਾ ਕਰ ਲਿਆ ਏ, ਜੋ ਦੇਸ਼ ਦੇ ਰੱਖਿਆ ਖੇਤਰ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਏ। ਇਹ ਪ੍ਰੀਖਣ ਆਂਧਰਾ ਪ੍ਰਦੇਸ਼ ਦੇ ਕੁਰਨੂਲ ਨੇੜੇ ਡੀ ਆਰ ਡੀ ਓ ਟੈਸਟ ਰੇਂਜ 'ਤੇ ਹਵਾ ਤੋਂ ਜ਼ਮੀਨ ਅਤੇ ਹਵਾ ਤੋਂ ਹਵਾ ਮੋਡ ਦੋਵਾਂ ਵਿੱਚ ਕੀਤੇ ਗਏ ਸਨ। ਪ੍ਰੀਖਣਾਂ ਨੇ ਵੱਖ-ਵੱਖ ਲੜਾਈ ਦ੍ਰਿਸ਼ਾਂ ਵਿੱਚ ਮਿਜ਼ਾਈਲ ਦੀ ਸਟੀਕਤਾ, ਮਾਰ

ਕਰਨ ਦੀ ਸਮਰੱਥਾ, ਭਰੋਸੇਯੋਗਤਾ ਅਤੇ ਪ੍ਰਭਾਵਸ਼ੀਲਤਾ ਦਾ ਸਫਲਤਾ ਨਾਲ ਵਿਖਾਲਾ ਕੀਤਾ। ਮਿਜ਼ਾਈਲ ਨੂੰ ਰਿਸਰਚ ਸੈਂਟਰ ਇਮਾਰਤ (ਆਰ ਸੀ ਆਈ), ਹੈਦਰਾਬਾਦ ਵਲੋਂ ਹੋਰ ਡੀਆਰਡੀਓ ਪ੍ਰਯੋਗਸ਼ਾਲਾਵਾਂ ਦੇ ਸਹਿਯੋਗ ਨਾਲ ਵਿਕਸਤ ਕੀਤਾ ਗਿਆ ਸੀ। ਦੇਸ਼ ਦੇ ਅੰਦਰ ਪੂਰੀ ਤਰ੍ਹਾਂ ਵਿਕਸਤ ਕੀਤਾ ਗਿਆ ਇਹ ਪ੍ਰੋਜੈਕਟ, ਆਤਮਨਿਰਭਰ ਭਾਰਤ ਪਹਿਲਕਦਮੀ ਤਹਿਤ ਐਮ ਐਸ ਐਮ ਈ ਅਤੇ ਨਿੱਜੀ ਸਨਅਤਾਂ ਦੀ ਹਿੱਸੇਦਾਰੀ ਨਾਲ ਭਾਰਤ ਦੇ ਘਰੇਲੂ ਰੱਖਿਆ ਨਿਰਮਾਣ ਈਕੋਸਿਸਟਮ ਦੀ ਵਧਦੀ ਤਾਕਤ ਨੂੰ ਉਜਾਗਰ ਕਰਦਾ ਏ । ਇਸਦੇ ਉਤਪਾਦਨ ਲਈ, ਡੀ ਆਰ ਡੀ ਓ ਨੇ ਭਾਰਤ ਡਾਇਨਾਮਿਕਸ ਲਿਮਟਿਡ ਅਤੇ ਅਡਾਨੀ ਡਿਫੈਂਸ ਸਿਸਟਮਜ਼ ਐਂਡ ਟੈਕਨਾਲੋਜੀਜ਼ ਲਿਮਟਿਡ ਨਾਲ ਭਾਈਵਾਲੀ ਕੀਤੀ ਏ । ਮਿਜ਼ਾਈਲ ਸਿਸਟਮ ਨੂੰ ਨਿਊਸਪੇਸ ਰਿਸਰਚ ਐਂਡ ਟੈਕਨਾਲੋਜੀਜ਼, ਬੰਗਲੁਰੂ ਵਲੋਂ ਵਿਕਸਤ ਕੀਤੇ ਗਏ ਯੂ ਏ ਵੀਜ਼ ਨਾਲ ਜੋੜਿਆ ਗਿਆ ਸੀ। ਪ੍ਰੀਖਣਾਂ ਦੇ ਸਫਲਤਾ ਨਾਲ ਸੰਪੂਰਨ ਹੋਣ ਨਾਲ ਮਿਜ਼ਾਈਲ ਸਿਸਟਮ ਦੇ ਲੜੀਵਾਰ ਉਤਪਾਦਨ ਦਾ ਰਾਹ ਪਧਰਾ ਹੋ ਗਿਆ ਏ, ਜਿਸ ਨਾਲ ਭਾਰਤ ਦੀਆਂ ਸਵਦੇਸ਼ੀ ਰੱਖਿਆ ਸਮਰੱਥਾਵਾਂ ਹੋਰ ਮਜ਼ਬੂਤ ਹੋਈਆਂ ਨੇ.

---

ਪੰਜਾਬ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੇ ਦੁਬਈ ਸਥਿਤ ਇੱਕ ਅੰਤਰਰਾਸ਼ਟਰੀ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ ਜੋ ਅਬੂ ਧਾਬੀ ਤੋਂ ਸਰਹੱਦੀ ਸੂਬੇ ਪੰਜਾਬ ਅਤੇ ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਕੰਮ ਕਰ ਰਿਹਾ ਸੀ। ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ, ਜਿਸ ਨੇ ਇਹ ਕਾਰਵਾਈ ਕੀਤੀ, ਨੇ ਨਸ਼ੀਲੇ ਪਦਾਰਥਾਂ ਦੇ ਦੋ ਤਸਕਰਾਂ ਨੂੰ 10 ਕਿਲੋਗ੍ਰਾਮ ਆਈਸ ਯਾਨੀ ਮੈਥਾਮ-ਫੇਟਾਮਾਈਨ ਅਤੇ 4 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਪੁਲਿਸ ਹਲਕਿਆਂ ਮੁਤਾਬਿਕ, ਇੱਕ ਮੁਲਜ਼ਮ ਹਾਲ ਹੀ ਵਿੱਚ ਦੁਬਈ ਤੋਂ ਕਥਿਤ ਤੌਰ 'ਤੇ ਸਿਖਲਾਈ ਪ੍ਰਾਪਤ ਕਰਨ ਅਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਲਈ ਹੈਰੋਇਨ ਅਤੇ ਆਈਸ ਦੀਆਂ ਖੇਪਾਂ ਸੌਂਪਣ ਤੋਂ ਬਾਅਦ ਵਾਪਸ ਆਇਆ ਸੀ। ਹੋਰ ਜਾਂਚ ਜਾਰੀ ਏ ।

--------------------------------------------------------------------------------

ਪੰਜਾਬ ਦੇ ਖਜ਼ਾਨਾ ਅਤੇ ਯੋਜਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਲ੍ਹ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ‘ਰੰਗਲਾ ਪੰਜਾਬ ਵਿਕਾਸ ਸਕੀਮ’ ਨੂੰ ਤੇਜ਼ੀ ਨਾਲ ਲਾਗੂ ਕਰਨ ਲਈ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ. ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਦੌਰਾਨ

ਖਜ਼ਾਨਾ ਮੰਤਰੀ ਨੇ ਪਹਿਲੇ ਪੜਾਅ ਦੇ ਕੰਮਾਂ ਦੇ ਤਸਦੀਕਸ਼ੁਦਾ ਬਿੱਲ ਅਤੇ ਵਰਤੋਂ ਸਰਟੀਫਿਕੇਟ ਤੁਰੰਤ ਨਿਰਧਾਰਤ ਪੋਰਟਲ 'ਤੇ ਅਪਲੋਡ ਕਰਨ ਦੇ ਹੁਕਮ ਦਿੱਤੇ। ਇਸ ਦੇ ਨਾਲ ਹੀ ਉਨ੍ਹਾਂ ਅਧਿਕਾਰੀਆਂ ਨੂੰ ਪਹਿਲੇ ਪੜਾਅ ਦੇ ਬਾਕੀ ਰਹਿੰਦੇ ਵਿਕਾਸ ਕਾਰਜਾਂ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਦੀ ਹਦਾਇਤ ਕੀਤੀ। ਇਸ ਮੀਟਿੰਗ ਵਿੱਚ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਵਧੀਕ ਮੁੱਖ ਸਕੱਤਰ ਜਸਪ੍ਰੀਤ ਤਲਵਾੜ ਵੀ ਹਾਜ਼ਰ ਸਨ। ਮੀਟਿੰਗ ਦਾ ਮੁੱਖ ਕੇਂਦਰ ਵਿਕਾਸ ਮੁਹਿੰਮ ਦੇ ਅਗਲੇ ਪੜਾਅ ਲਈ ਰਣਨੀਤੀਆਂ ਤਿਆਰ ਕਰਨਾ ਰਿਹਾ। ਖਜ਼ਾਨਾ ਮੰਤਰੀ ਨੇ ਸਕੀਮ ਦੇ ਦੂਜੇ ਪੜਾਅ ਨੂੰ ਸ਼ੁਰੂ ਕਰਨ ਲਈ ਨਿਰਧਾਰਤ ਸਮਾਂ-ਸੀਮਾ ਦੀ ਸਮੀਖਿਆ ਕੀਤੀ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਡਿਪਟੀ ਕਮਿਸ਼ਨਰ ਇਹ ਯਕੀਨੀ ਬਣਾਉਣ ਕਿ ਦੂਜੇ ਪੜਾਅ ਦੇ ਸਾਰੇ ਕੰਮ ਮਿੱਥੇ ਸਮੇਂ ਦੇ ਅੰਦਰ ਸ਼ੁਰੂ ਅਤੇ ਮੁਕੰਮਲ ਕੀਤੇ ਜਾਣ। ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ, ਖਜ਼ਾਨਾ ਮੰਤਰੀ ਨੇ ਡਿਪਟੀ ਕਮਸ਼ਨਰਾਂ ਨੂੰ ਮਈ ਦੇ ਅੰਤ ਤੱਕ ਦੋ ਵਿਸਤ੍ਰਿਤ ਰਿਪੋਰਟਾਂ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ.

---------------------------------------------------------------------------

ਪੰਜਾਬ ਅਤੇ ਹਰਿਆਣਾ, ਦੋਵੇਂ ਰਾਜ ਜ਼ਬਰਦਸਤ ਗਰਮੀ ਦੀ ਮਾਰ ਹੇਠ ਨੇ. ਦੋਵਾਂ ਰਾਜਾਂ ਵਿੱਚ ਵੱਧ ਤੋਂ ਵੱਧ ਤਾਪਮਾਨ 40 ਤੋਂ 47 ਡਿਗਰੀ ਸੈਲਸੀਅਸ ਦੇ ਵਿਚਕਾਰ ਏ । ਮੌਸਮ ਵਿਭਾਗ ਨੇ ਪਹਿਲਾਂ ਹੀ ਇਸ ਖੇਤਰ ਲਈ ORANGE ALERT ਜਾਰੀ ਕਰ ਦਿੱਤਾ ਏ । ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵੀ ਤੇਜ਼ ਗਰਮੀ ਦੀ ਮਾਰ ਹੇਠ ਏ. ਪੇਸ਼ ਏ ਸਾਡੇ ਪੱਤਰਕਾਰ ਦੀ ਇੱਕ ਰਿਪੋਰਟ –

v/ c

---

ਚਾਰ ਦਿਨਾਂ ਪੰਜਾਬ ਸਟੇਟ ਸਬ-ਜੂਨੀਅਰ ਰੈਂਕਿੰਗ ਬੈਡਮਿੰਟਨ ਟੂਰਨਾਮੈਂਟ ਕੱਲ੍ਹ ਜਲੰਧਰ ਦੇ ਰਾਏਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿਖੇ ਸ਼ੁਰੂ ਹੋਇਆ । ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੀ ਅਗਵਾਈ ਹੇਠ ਕਰਾਇਆ ਜਾ ਰਿਹਾ ਇਹ ਟੂਰਨਾਮੈਂਟ 22 ਮਈ ਤੱਕ ਜਾਰੀ ਰਹੇਗਾ। ਇਸ ਸਮਾਗਮ ਦੇ ਵੇਰਵੇ ਸਾਂਝੇ ਕਰਦਿਆਂ, ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ, ਰਿਤਿਨ ਖੰਨਾ ਨੇ ਦੱਸਿਆ ਕਿ ਟੂਰਨਾਮੈਂਟ ਨੂੰ ਭਰਵਾਂ ਹੁੰਗਾਰਾ ਮਿਲਿਆ ਏ ਤੇ ਪੰਜਾਬ ਦੇ 23 ਜ਼ਿਲ੍ਹਿਆਂ ਦੀ ਨੁਮਾਇੰਦਗੀ ਕਰਨ ਵਾਲੇ ਕਰੀਬ 400 ਖਿਡਾਰੀਆਂ ਤੋਂ 600 ਤੋਂ ਵੱਧ ਐਂਟਰੀਆਂ ਪ੍ਰਾਪਤ ਹੋਈਆਂ ਨੇ. ਮੁੰਡਿਆਂ ਅਤੇ ਕੁੜੀਆਂ ਲਈ ਅੰਡਰ-

15 ਅਤੇ ਅੰਡਰ-17 ਵਰਗਾਂ ਵਿੱਚ 10 ਈਵੈਂਟਾਂ ਵਿੱਚ ਮੁਕਾਬਲੇ ਕਰਵਾਏ ਜਾ ਰਹੇ ਨੇ. ਫਾਈਨਲ 22 ਮਈ ਨੂੰ ਖੇਡੇ ਜਾਣਗੇ ਅਤੇ ਜੇਤੂਆਂ ਨੂੰ ਨਕਦ ਇਨਾਮ ਅਤੇ ਹੋਰ ਆਕਰਸ਼ਕ ਇਨਾਮ ਦਿੱਤੇ ਜਾਣਗੇ। ਇਸ ਮੌਕੇ, ਜਲੰਧਰ ਦੀ ਅੰਤਰਰਾਸ਼ਟਰੀ ਬੈਡਮਿੰਟਨ ਖਿਡਾਰਨ ਮਾਨਿਆ ਰਲਹਨ ਨੂੰ ਵੀ ਮੁੱਖ ਮਹਿਮਾਨ ਨੇ ਫਰਾਂਸ ਵਿੱਚ ਹੋਏ ਸੇਂਟ ਡੇਨਿਸ ਓਪਨ ਵਿੱਚ ਕਾਂਸੀ ਦਾ ਤਗਮਾ ਜਿੱਤਣ ਲਈ 31 ਹਜ਼ਾਰ ਰੁਪਏ ਦੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ।